**ਮਾਰੂ ਮਹਲਾ ੧ ॥ ਇਹੁ ਧਨੁ ਸਰਬ ਰਹਿਆ ਭਰਪੂਰਿ ॥ ਮਨਮੁਖ ਫਿਰਹਿ ਸਿ ਜਾਣਹਿ ਦੂਰਿ ॥੧॥ ਸੋ ਧਨੁ ਵਖਰੁ ਨਾਮੁ ਰਿਦੈ ਹਮਾਰੈ ॥ ਜਿਸੁ ਤੂ ਦੇਹਿ ਤਿਸੈ ਨਿਸਤਾਰੈ ॥ ੧॥ ਰਹਾਉ ॥ ਨ ਇਹੁ ਧਨੁ ਜਲੈ ਨ ਤਸਕਰੁ ਲੈ ਜਾਇ ॥ ਨ ਇਹੁ ਧਨੁ ਡੂਬੈ ਨ ਇਸੁ ਧਨ ਕਉ ਮਿਲੈ ਸਜਾਇ ॥੨॥ ਇਸੁ ਧਨ ਕੀ ਦੇਖਹੁ ਵਡਿਆਈ ॥ ਸਹਜੇ ਮਾਤੇ ਅਨਦਿਨੁ ਜਾਈ ॥ ੩॥ ਇਕ ਬਾਤ ਅਨੂਪ ਸੁਨਹੁ ਨਰ ਭਾਈ ॥ ਇਸੁ ਧਨ ਬਿਨੁ ਕਹਹੁ ਕਿਨੈ ਪਰਮ ਗਤਿ ਪਾਈ ॥੪॥ ਭਣਤਿ ਨਾਨਕੁ ਅਕਥ ਕੀ ਕਥਾ ਸੁਣਾਏ ॥ ਸਤਿਗੁਰੁ ਮਿਲੈ ਤ ਇਹੁ ਧਨੁ ਪਾਏ ॥੫॥੮॥** {ਪੰਨਾ 991}

ਪਦਅਰਥ:- ਇਹੁ ਧਨੁ—ਪਰਮਾਤਮਾ ਦਾ ਨਾਮ-ਧਨ। ਸਰਬ—ਸਭ ਵਿਚ। ਮਨਮੁਖ—ਉਹ ਬੰਦੇ ਜਿਨ੍ਹਾਂ ਦਾ ਮੂੰਹ ਆਪਣੇ ਵਲ ਹੈ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਫਿਰਹਿ—(ਦੁਨੀਆਵੀ ਧਨ ਦੀ ਖ਼ਾਤਰ) ਭਟਕਦੇ ਫਿਰਦੇ ਹਨ। ਸਿ—ਉਹ ਬੰਦੇ।1।

ਵਖਰੁ—ਸੌਦਾ। ਰਿਦੈ ਹਮਾਰੈ—ਸਾਡੇ ਹਿਰਦੇ ਵਿਚ, ਮੇਰੇ ਹਿਰਦੇ ਵਿਚ (ਵੱਸ ਪਏ)। ਤਿਸੈ—ਉਸ (ਮਨੁੱਖ) ਨੂੰ। ਨਿਸਤਾਰੈ—(ਤ੍ਰਿਸ਼ਨਾ ਦੇ ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।1। ਰਹਾਉ।

ਤਸਕਰੁ—ਚੋਰ। ਇਸੁ ਧਨ ਕਉ—ਇਸ ਨਾਮ-ਧਨ ਦੀ ਖ਼ਾਤਰ।2।

ਵਡਿਆਈ—ਵੱਡਾ ਗੁਣ। ਸਹਜੇ—ਸਹਿਜ ਵਿਚ, ਅਡੋਲ ਅਵਸਥਾ ਵਿਚ। ਮਾਤੇ—ਮਸਤ ਰਿਹਾਂ। ਅਨਦਿਨੁ—ਹਰੇਕ ਦਿਨ। ਜਾਈ—ਲੰਘਦਾ ਹੈ, ਗੁਜ਼ਰਦਾ ਹੈ।3।

ਅਨੂਪ—ਸੋਹਣੀ। ਨਰ ਭਾਈ—ਹੇ ਭਾਈ ਜਨੋ! ਕਹਹੁ—ਦੱਸੋ। ਕਿਨੈ—ਕਿਸੇ ਮਨੁੱਖ ਨੇ। ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ।4।

ਭਣਤਿ—ਆਖਦਾ ਹੈ। ਅਕਥ—ਉਹ ਪਰਮਾਤਮਾ ਜਿਸ ਦੇ ਗੁਣ ਬਿਆਨ ਨ ਕੀਤੇ ਜਾ ਸਕਣ। ਪਾਏ—ਪ੍ਰਾਪਤ ਕਰਦਾ ਹੈ।5।

ਅਰਥ:- ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਆਪਣਾ ਨਾਮ-ਧਨ ਨਾਮ-ਵੱਖਰ ਦੇਂਦਾ ਹੈਂ ਉਸ ਨੂੰ ਇਹ ਨਾਮ-ਧਨ (ਮਾਇਆ ਦੀ ਤ੍ਰਿਸ਼ਨਾ ਦੇ ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ। (ਮੇਹਰ ਕਰ) ਤੇਰਾ ਇਹ ਨਾਮ-ਧਨ ਇਹ ਨਾਮ-ਵੱਖਰ ਮੇਰੇ ਹਿਰਦੇ ਵਿਚ ਭੀ ਵੱਸ ਪਏ।1। ਰਹਾਉ।

(ਪਰਮਾਤਮਾ ਹਰ ਥਾਂ ਜ਼ੱਰੇ ਜ਼ੱਰੇ ਵਿਚ ਵਿਆਪਕ ਹੈ, ਉਸ ਦਾ) ਇਹ ਨਾਮ-ਧਨ (ਭੀ) ਸਭ ਵਿਚ ਮੌਜੂਦ ਹੈ, (ਗੁਰੂ ਦੀ ਸਰਨ ਪਿਆਂ ਉਸ ਪਰਮਾਤਮਾ ਨੂੰ ਹਰ ਥਾਂ ਹੀ ਵੇਖ ਸਕੀਦਾ ਹੈ ਤੇ ਉਸ ਦੀ ਯਾਦ ਨੂੰ ਹਿਰਦੇ ਵਿਚ ਵਸਾ ਸਕੀਦਾ ਹੈ), ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ (ਮਾਇਆ ਦੀ ਖ਼ਾਤਰ) ਭਟਕਦੇ ਫਿਰਦੇ ਹਨ, ਅਤੇ ਉਹ ਬੰਦੇ (ਪਰਮਾਤਮਾ ਨੂੰ, ਪਰਮਾਤਮਾ ਦੇ ਨਾਮ-ਧਨ ਨੂੰ) ਕਿਤੇ ਦੂਰ ਦੁਰੇਡੇ ਥਾਂ ਤੇ ਸਮਝਦੇ ਹਨ।1।

(ਹਿਰਦੇ ਵਿਚ ਵਸਾਇਆ ਹੋਇਆ ਪਰਮਾਤਮਾ ਦਾ ਨਾਮ) ਇਕ ਐਸਾ ਧਨ ਹੈ ਜੋ ਨਾਹ ਸੜਦਾ ਹੈ ਨਾਹ ਹੀ ਇਸ ਨੂੰ ਕੋਈ ਚੋਰ ਚੁਰਾ ਕੇ ਲੈ ਜਾ ਸਕਦਾ ਹੈ, ਇਹ ਧਨ (ਪਾਣੀਆਂ ਹੜ੍ਹਾਂ ਵਿਚ ਭੀ) ਡੁੱਬਦਾ ਨਹੀਂ ਹੈ ਅਤੇ ਨਾਹ ਹੀ ਇਸ ਧਨ ਦੀ ਖ਼ਾਤਰ ਕਿਸੇ ਨੂੰ ਕੋਈ ਦੰਡ ਮਿਲਦਾ ਹੈ।2।

ਵੇਖੋ, ਇਸ ਧਨ ਦਾ ਵੱਡਾ ਗੁਣ ਇਹ ਹੈ ਕਿ (ਜਿਸ ਮਨੁੱਖ ਦੇ ਪਾਸ ਇਹ ਧਨ ਹੈ, ਉਸ ਦੀ ਜ਼ਿੰਦਗੀ ਦਾ) ਹਰੇਕ ਦਿਹਾੜਾ ਅਡੋਲ ਅਵਸਥਾ ਵਿਚ ਮਸਤ ਰਿਹਾਂ ਹੀ ਗੁਜ਼ਰਦਾ ਹੈ।3।

ਹੇ ਭਾਈ ਜਨੋ! (ਇਸ ਨਾਮ-ਧਨ ਦੀ ਬਾਬਤ) ਇਕ ਹੋਰ ਸੋਹਣੀ ਗੱਲ (ਭੀ) ਸੁਣੋ (ਉਹ ਇਹ ਹੈ ਕਿ) ਇਸ ਧਨ (ਦੀ ਪ੍ਰਾਪਤੀ) ਤੋਂ ਬਿਨਾ ਕਦੇ ਕਿਸੇ ਨੂੰ ਉੱਚੀ ਆਤਮਕ ਅਵਸਥਾ ਨਹੀਂ ਮਿਲੀ।4।

ਨਾਨਕ ਆਖਦਾ ਹੈ—ਜਦੋਂ (ਕਿਸੇ ਮਨੁੱਖ ਨੂੰ) ਗੁਰੂ ਮਿਲ ਪੈਂਦਾ ਹੈ ਤਦੋਂ ਉਹ ਇਹ ਨਾਮ-ਧਨ ਹਾਸਲ ਕਰ ਲੈਂਦਾ ਹੈ ਤੇ ਫਿਰ ਉਹ (ਹੋਰਨਾਂ ਨੂੰ) ਉਸ ਪਰਮਾਤਮਾ ਦੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਾਂਦਾ ਹੈ ਜਿਸ ਦੇ ਗੁਣ ਕਿਸੇ ਪਾਸੋਂ ਬਿਆਨ ਨਹੀਂ ਹੋ ਸਕਦੇ।5।8।